# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

## ਮਿਤੀ :22-08-2026

## *ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ*

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸੁਧਾਰ ਕੋਈ ਮਜਬੂਰੀ ਨਹੀਂ ਸਗੋਂ ਉਨ੍ਹਾਂ ਦੀ ਸਰਕਾਰ ਲਈ ਵਚਨਬੱਧਤਾ ਅਤੇ ਦ੍ਰਿੜ ਵਿਸ਼ਵਾਸ ਨੇ,ਕਿਹਾ -ਸਰਕਾਰ ਦੀਆਂ ਨੀਤੀਆਂ ਲੋਕ-ਪੱਖੀ ਅਤੇ ਵਿਕਾਸ-ਪੱਖੀ ਨੇ।
- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੱਛਮੀ ਬੰਗਾਲ ਵਿੱਚ ਭਾਰਤ-ਬੰਗਲਾਦੇਸ਼ ਸਰਹੱਦ 'ਤੇ ਵਾੜ ਲਗਾਉਣ ਲਈ ਸੀਮਾ ਸੁਰੱਖਿਆ ਬਲ ਅਤੇ ਸਸ਼ਤਰ ਸੀਮਾ ਬਲ ਨੂੰ ਇਕ ਹਜ਼ਾਰ 129 ਏਕੜ ਜ਼ਮੀਨ ਅਲਾਟ ਕਰਨ ਦੇ ਸੂਬਾ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕੀਤੀ।
- ਭਾਰਤ ਅਤੇ ਨੇਪਾਲ ਨੇ ਸਰਹੱਦੀ ਪ੍ਰਬੰਧਨ ਅਤੇ ਸੁਰੱਖਿਆ ਦੇ ਖੇਤਰ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ।
- ਸਰਕਾਰ ਨੇ ਕਿਹਾ -ਦੇਸ਼ ਕੋਲ ਖੰਡ ਦਾ ਲੋੜੀਂਦਾ ਭੰਡਾਰ ਏ ਅਤੇ ਘਰੇਲੂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕੋਈ ਕਮੀ ਨਹੀਂ ਏ।

- -ਭਾਰਤੀ ਜੈਵਲਿਨ ਥ੍ਰੋਅਰ ਨੀਰਜ ਚੋਪੜਾ ਨੇ ਲੁਸਾਨੇ ਡਾਇਮੰਡ ਲੀਗ ਵਿੱਚ ਚਾਂਦੀ ਦਾ ਤਮਗਾ ਜਿੱਤਿਆ । ਅਤੇ
- -BWF ਵਿਸ਼ਵ ਬੈਡਮਿੰਟਨ ਚੈਂਪੀਅਨਸ਼ਿਪ ਦੇ ਮਹਿਲਾ ਡਬਲਜ਼ ਸੈਮੀਫਾਈਨਲ ਵਿੱਚ, ਅੱਜ ਭਾਰਤ ਦੀ ਤ੍ਰਿਸ਼ਾ ਜੌਲੀ ਅਤੇ ਗਾਇਤਰੀ ਗੋਪੀਚੰਦ ਦਾ ਮੁਕਾਬਲਾ ਚੀਨ ਦੀ ਚੋਟੀ ਦਾ ਦਰਜਾ ਹਾਸਿਲ ਜੋੜੀ ਨਾਲ ਹੋਵੇਗਾ।

## ***ਹੁਣ ਖਬਰਾਂ ਵਿਸਥਾਰ ਨਾਲ***

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸੁਧਾਰ ਕੋਈ ਮਜਬੂਰੀ ਨਹੀਂ ਸਗੋਂ ਉਨ੍ਹਾਂ ਦੀ ਸਰਕਾਰ ਲਈ ਵਚਨਬੱਧਤਾ ਅਤੇ ਦ੍ਰਿੜਤਾ ਨੇ ਅਤੇ ਇਸ ਦੀਆਂ ਨੀਤੀਆਂ ਲੋਕ-ਪੱਖੀ, ਅਤੇ ਵਿਕਾਸ-ਪੱਖੀ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਲੋਕਾਂ ਦੇ ਹਿੱਤਾਂ ਅਤੇ ਦੇਸ਼ ਦੇ ਵਿਕਾਸ ਨੂੰ ਧਿਆਨ ਵਿੱਚ ਰੱਖ ਕੇ ਬਣਾਈਆਂ ਜਾ ਰਹੀਆਂ ਹਨ। ਨਵੀਂ ਦਿੱਲੀ ਵਿੱਚ ਇਕਨਾਮਿਕ ਟਾਈਮਜ਼ ਵਰਲਡ ਲੀਡਰਜ਼ ਫੋਰਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨਾ ਸਿਰਫ਼ ਨਿਯਮਾਂ ਨੂੰ ਬਦਲ ਰਹੀ ਏ , ਸਗੋਂ ਨਿਯਮ ਬਣਾਉਣ ਪਿੱਛੇ ਮਾਨਸਿਕਤਾ ਨੂੰ ਵੀ ਬਦਲ ਰਹੀ ਏ । ਉਨ੍ਹਾਂ ਕਿਹਾ ਕਿ ਭਾਰਤ ਦੇਸ਼ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਨੀਤੀ ਪੱਧਰ 'ਤੇ ਅਗਲੀ ਪੀੜ੍ਹੀ ਦੇ ਸੁਧਾਰ ਕਰ ਰਿਹਾ ਏ ।

BYTERNU220826

ਉਨ੍ਹਾਂ ਕਿਹਾ ਕਿ ਭਾਰਤ ਹੁਣ ਉਤਪਾਦਨ ਲਿੰਕਡ ਇੰਸੈਂਟਿਵ ਸਕੀਮ (PLI) ਰਾਹੀਂ ਉਦਯੋਗ ਅਤੇ ਰੁਜ਼ਗਾਰ ਲਈ ਨਵੇਂ ਮੌਕੇ ਪੈਦਾ ਕਰ ਰਿਹਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰੋਤਾਂ ਨੂੰ ਲੈ ਕੇ ਵਧ ਰਹੇ ਤਣਾਅ ਅਤੇ ਵਿਸ਼ਵ ਪੱਧਰ 'ਤੇ ਦੇਸ਼ਾਂ ਵਿਚਕਾਰ ਅਵਿਸ਼ਵਾਸ ਨਵੀਆਂ ਚੁਣੌਤੀਆਂ ਪੈਦਾ ਕਰ ਰਿਹਾ ਏ । ਇਸ ਦੇ ਬਾਵਜੂਦ, ਭਾਰਤ ਨੂੰ ਦੁਨੀਆ ਵਿੱਚ ਉਮੀਦ ਅਤੇ ਵਿਕਾਸ ਦੀ ਇੱਕ ਵੱਡੀ ਕਿਰਨ ਵਜੋਂ ਦੇਖਿਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਮੁਦਰਾ ਫੰਡ ਮੁਤਾਬਿਕ , ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਪ੍ਰਮੁੱਖ ਅਰਥਵਿਵਸਥਾ ਬਣਿਆ ਰਹੇਗਾ। ਭਾਰਤ ਦੀ G-20 ਪ੍ਰਧਾਨਗੀ ਦੇ ਮੰਤਰ "ਇੱਕ ਧਰਤੀ, ਇੱਕ ਪਰਿਵਾਰ, ਇੱਕ ਭਵਿੱਖ" ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੁਨੀਆ ਦੇ ਸਾਰੇ ਦੇਸ਼ਾਂ ਦਾ ਭਵਿੱਖ ਆਪਸ ਵਿੱਚ ਜੁੜਿਆ ਹੋਇਆ ਏ । ਲਾਲ ਕਿਲ੍ਹੇ ਤੋਂ ਆਪਣੇ ਆਜ਼ਾਦੀ ਦਿਵਸ ਦੇ ਭਾਸ਼ਣ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੇ ਵਿਕਾਸ ਲਈ ਸੱਤ ਮੁੱਖ ਖੇਤਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਨ੍ਹਾਂ ਵਿੱਚ ਨਿਰਮਾਣ, ਖੇਤੀਬਾੜੀ ਅਤੇ ਖੁਰਾਕ ਪ੍ਰੋਸੈਸਿੰਗ, ਤਕਨਾਲੋਜੀ ਅਤੇ ਨਵੀਨਤਾ, ਹਰੀ ਅਰਥਵਿਵਸਥਾ ਅਤੇ ਨੀਲੀ ਅਰਥਵਿਵਸਥਾ ਸ਼ਾਮਲ ਹਨ।ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ 25 ਕਰੋੜ ਲੋਕ ਗਰੀਬੀ ਤੋਂ ਬਾਹਰ ਆਏ

ਹਨ। ਉਨ੍ਹਾਂ ਨੇ ਡਿਜੀਟਲ ਖੇਤਰ ਵਿੱਚ ਭਾਰਤ ਦੀ ਤਰੱਕੀ ਅਤੇ ਤੇਜ਼ੀ ਨਾਲ 5G ਵਿਸਥਾਰ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ 50 ਲੱਖ ਤੋਂ ਵੱਧ ਪਰਿਵਾਰ ਪ੍ਰਧਾਨ ਮੰਤਰੀ ਸੂਰਜ ਘਰ ਮੁਫ਼ਤ ਬਿਜਲੀ ਯੋਜਨਾ ਨਾਲ ਜੁੜੇ ਹੋਏ ਹਨ। ਉਨ੍ਹਾਂ ਦੱਸਿਆ ਕਿ PM-KUSUM ਯੋਜਨਾ ਨੇ ਕਿਸਾਨਾਂ ਨੂੰ ਬਿਜਲੀ ਦੀਆਂ ਲਾਗਤਾਂ ਘਟਾਉਣ ਵਿੱਚ ਮਦਦ ਕੀਤੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੌਜਵਾਨਾਂ, ਔਰਤਾਂ, ਕਿਸਾਨਾਂ ਅਤੇ ਮੱਧ ਵਰਗ ਲਈ ਜੀਵਨ ਨੂੰ ਆਸਾਨ ਬਣਾਉਣ ਅਤੇ ਕਾਰੋਬਾਰ ਕਰਨ ਨੂੰ ਆਸਾਨ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਏ।

---

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੱਛਮੀ ਬੰਗਾਲ ਵਿੱਚ ਭਾਰਤ-ਬੰਗਲਾਦੇਸ਼ ਸਰਹੱਦ 'ਤੇ ਵਾੜ ਲਗਾਉਣ ਲਈ ਸੀਮਾ ਸੁਰੱਖਿਆ ਬਲ ਅਤੇ ਸਸ਼ਤਰ ਸੀਮਾ ਬਲ ਨੂੰ 1129 ਏਕੜ ਜ਼ਮੀਨ ਅਲਾਟ ਕਰਨ ਦੇ ਰਾਜ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨਵੀਂ ਸਰਕਾਰ ਦੇ ਗਠਨ ਦੇ 45 ਦਿਨਾਂ ਦੇ ਅੰਦਰ ਜ਼ਮੀਨ ਅਲਾਟ ਕਰ ਦਿੱਤੀ ਗਈ ਸੀ, ਹਾਲਾਂਕਿ ਸਰਹੱਦੀ ਵਾੜ ਲਈ ਜ਼ਮੀਨ ਦੀ ਮੰਗ 2014 ਤੋਂ ਬਕਾਇਆ ਰਹੀ ਸੀ। ਸਿਲੀਗੁੜੀ ਵਿੱਚ ਇੱਕ ਸਮਾਗਮ ਵਿੱਚ ਬੋਲਦਿਆਂ, ਅਮਿਤ ਸ਼ਾਹ ਨੇ ਕਿਹਾ ਕਿ ਘੁਸਪੈਠ ਨੂੰ ਰੋਕਣ ਅਤੇ ਰਾਸ਼ਟਰੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਰਹੱਦ 'ਤੇ ਵਾੜ ਲਗਾਉਣਾ ਜ਼ਰੂਰੀ ਏ। ਉਨ੍ਹਾਂ ਕਿਹਾ

ਕਿ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਪਛਾਣ ਕਰਨ, ਹਟਾਉਣ ਅਤੇ ਦੇਸ਼ ਨਿਕਾਲਾ ਦੇਣ ਦੀ ਪ੍ਰਕਿਰਿਆ ਜਾਰੀ ਰਹੇਗੀ। ਉਨ੍ਹਾਂ ਸਿਲੀਗੁੜੀ ਕੋਰੀਡੋਰ, ਜਿਸਨੂੰ "ਚਿਕਨ ਨੇਕ" ਵੀ ਕਿਹਾ ਜਾਂਦਾ ਹੈ, ਨੂੰ ਉੱਤਰ-ਪੂਰਬ ਅਤੇ ਦੇਸ਼ ਦੀ ਸੁਰੱਖਿਆ ਲਈ ਬਹੁਤ ਮਹੱਤਵਪੂਰਨ ਦੱਸਿਆ। ਅਮਿਤ ਸ਼ਾਹ ਨੇ ਲਗਭਗ 189 ਕਰੋੜ ਦੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਕਈ ਹੋਰ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ 'ਤੇ ਇੱਕ ਜਾਗਰੂਕਤਾ ਪ੍ਰਦਰਸ਼ਨੀ ਦਾ ਵੀ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਰਾਜ ਵਿੱਚ ਭਾਰਤੀ ਦੰਡ ਸੰਹਿਤਾ ਪੂਰੀ ਤਰ੍ਹਾਂ ਲਾਗੂ ਕਰ ਦਿੱਤੀ ਗਈ ਹੈ ਅਤੇ ਐਫਆਈਆਰ ਦਰਜ ਹੋਣ ਤੋਂ ਤਿੰਨ ਸਾਲਾਂ ਦੇ ਅੰਦਰ ਨਿਆਂ ਯਕੀਨੀ ਬਣਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਨਿਆਂ ਪ੍ਰਣਾਲੀ ਵਿੱਚ ਤਕਨਾਲੋਜੀ, ਪਾਰਦਰਸ਼ਤਾ ਅਤੇ ਸਮੇਂ ਸਿਰ ਕਾਰਵਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

---------------------------------------------------------------

ਭਾਰਤ ਦੀ ਪ੍ਰਧਾਨਗੀ ਹੇਠ ਬ੍ਰਿਕਸ ਸੈਰ-ਸਪਾਟਾ ਮੰਤਰੀਆਂ ਦੀ ਮੀਟਿੰਗ ਕੱਲ੍ਹ ਜੈਪੁਰ ਐਲਾਨਨਾਮੇ ਨੂੰ ਸਰਬਸੰਮਤੀ ਨਾਲ ਪ੍ਰਵਾਨਗੀ ਦੇ ਨਾਲ ਸਮਾਪਤ ਹੋਈ। ਜੈਪੁਰ ਐਲਾਨਨਾਮੇ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ, ਵਾਤਾਵਰਣ ਅਨੁਕੂਲ ਸੈਰ-ਸਪਾਟਾ, ਹੁਨਰ ਵਿਕਾਸ ਅਤੇ

ਬ੍ਰਿਕਸ ਦੇਸ਼ਾਂ ਵਿੱਚ ਸੁਵਿਧਾਜਨਕ ਯਾਤਰਾ ਵਰਗੇ ਖੇਤਰਾਂ 'ਤੇ ਜ਼ੋਰ ਦਿੱਤਾ ਗਿਆ ਹੈ। ਮੀਟਿੰਗ ਦੀ ਪ੍ਰਧਾਨਗੀ ਕੇਂਦਰੀ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕੀਤੀ। ਉਨ੍ਹਾਂ ਕਿਹਾ ਕਿ ਸੈਰ-ਸਪਾਟਾ 2047 ਤੱਕ ਵਿਕਸਤ ਭਾਰਤ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਸੈਰ-ਸਪਾਟਾ ਨਾ ਸਿਰਫ਼ ਸ਼ਹਿਰਾਂ ਵਿੱਚ ਸਗੋਂ ਛੋਟੇ ਕਸਬਿਆਂ, ਪਿੰਡਾਂ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਵੀ ਰੁਜ਼ਗਾਰ ਅਤੇ ਵਿਕਾਸ ਦੇ ਮੌਕਿਆਂ ਨੂੰ ਵਧਾ ਸਕਦਾ ਏ। ਉਨ੍ਹਾਂ ਕਿਹਾ ਕਿ ਸੈਰ-ਸਪਾਟਾ ਖੇਤਰ ਲੱਖਾਂ ਲੋਕਾਂ ਦੀ ਰੋਜ਼ੀ-ਰੋਟੀ ਵਿੱਚ ਯੋਗਦਾਨ ਪਾਉਂਦਾ ਏ ਜਿਸ ਵਿੱਚ ਹੋਟਲ ਮਾਲਕ, ਹੋਮ-ਸਟੇ, ਟੈਕਸੀ ਡਰਾਈਵਰ, ਗਾਈਡ, ਕਾਰੀਗਰ, ਬੁਣਕਰ, ਕਿਸਾਨ ਅਤੇ ਉੱਦਮੀ ਸ਼ਾਮਲ ਹਨ। ਸ੍ਰੀ ਸ਼ੇਖਾਵਤ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ ਆਉਣ ਵਾਲੇ ਸੈਲਾਨੀਆਂ ਦੀ ਗਿਣਤੀ ਤਿੰਨ ਗੁਣਾ ਵਧ ਗਈ ਹੈ। ਉਨ੍ਹਾਂ ਕਿਹਾ ਕਿ ਜੈਪੁਰ ਐਲਾਨਨਾਮੇ ਨਾਲ ਬ੍ਰਿਕਸ ਦੇਸ਼ਾਂ ਵਿੱਚ ਸਹਿਯੋਗ ਵਧੇਗਾ ਅਤੇ ਸੈਰ-ਸਪਾਟਾ ਖੇਤਰ ਵਿੱਚ ਨਵੇਂ ਮੌਕੇ ਪੈਦਾ ਹੋਣਗੇ। ਮੀਟਿੰਗ ਦੌਰਾਨ, ਭਾਰਤ ਨੇ ਬ੍ਰਾਜ਼ੀਲ, ਈਰਾਨ, ਦੱਖਣੀ ਅਫਰੀਕਾ ਅਤੇ ਸੰਯੁਕਤ ਅਰਬ ਅਮੀਰਾਤ ਨਾਲ ਸੈਰ-ਸਪਾਟਾ ਸਹਿਯੋਗ ਵਧਾਉਣ 'ਤੇ ਵੀ ਦੁਵੱਲੀ ਚਰਚਾ ਕੀਤੀ।

---------------------------------------------------------------

ਬ੍ਰਿਕਸ ਯੁਵਾ ਮੰਤਰੀਆਂ ਅਤੇ ਖੇਡ ਮੰਤਰੀਆਂ ਦੀ ਮੀਟਿੰਗ ਅੱਜ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ, ਵਿੱਚ ਭਾਰਤ ਦੀ ਮੇਜ਼ਬਾਨੀ ਵਿੱਚ ਸ਼ੁਰੂ ਹੋਵੇਗੀ। ਬ੍ਰਿਕਸ ਯੁਵਾ ਮਾਮਲਿਆਂ ਦੇ ਮੰਤਰੀਆਂ ਦੀ ਮੀਟਿੰਗ ਅੱਜ ਹੋਵੇਗੀ, ਜਦੋਂ ਕਿ ਬ੍ਰਿਕਸ ਖੇਡ ਮੰਤਰੀਆਂ ਦੀ ਮੀਟਿੰਗ ਕੱਲ੍ਹ ਹੋਵੇਗੀ। ਮੀਟਿੰਗਾਂ ਦੀ ਪ੍ਰਧਾਨਗੀ ਯੁਵਾ ਮਾਮਲਿਆਂ ਅਤੇ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਕਰਨਗੇ।

---------------------------------------------------------------

ਭਾਰਤ ਅਤੇ ਨੇਪਾਲ ਨੇ ਸਰਹੱਦੀ ਪ੍ਰਬੰਧਨ ਅਤੇ ਸੁਰੱਖਿਆ ਦੇ ਖੇਤਰ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ ਏ । ਦੇਹਰਾਦੂਨ ਵਿੱਚ ਹੋਈ 14ਵੀਂ ਭਾਰਤ-ਨੇਪਾਲ ਸੰਯੁਕਤ ਕਾਰਜ ਸਮੂਹ ਦੀ ਮੀਟਿੰਗ ਵਿੱਚ, ਦੋਵਾਂ ਦੇਸ਼ਾਂ ਨੇ ਆਪਸੀ ਸਹਿਯੋਗ ਦੇ ਵੱਖ-ਵੱਖ ਮੁੱਦਿਆਂ ਦੀ ਸਮੀਖਿਆ ਕੀਤੀ। ਦੋ ਦਿਨਾਂ ਮੀਟਿੰਗ ਵਿੱਚ ਸਰਹੱਦ ਪਾਰ ਅਪਰਾਧ ਨੂੰ ਰੋਕਣ, ਸਰਹੱਦੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਸੜਕ ਅਤੇ ਰੇਲ ਸੰਪਰਕ, ਕਬਜ਼ੇ ਹਟਾਉਣ ਅਤੇ ਸਰਹੱਦੀ ਰੱਖ-ਰਖਾਅ ਵਰਗੇ ਮੁੱਦਿਆਂ 'ਤੇ ਚਰਚਾ ਕੀਤੀ ਗਈ। ਦੋਵਾਂ ਧਿਰਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਸੀ ਤਾਲਮੇਲ ਅਤੇ ਸਮਰੱਥਾ ਨਿਰਮਾਣ ਵਧਾਉਣ 'ਤੇ ਵੀ ਵਿਚਾਰ ਸਾਂਝੇ ਕੀਤੇ ਅਤੇ ਇਨ੍ਹਾਂ ਮੁੱਦਿਆਂ 'ਤੇ ਚਰਚਾ ਜਾਰੀ ਰੱਖਣ ਲਈ ਸਹਿਮਤੀ ਪ੍ਰਗਟਾਈ।

-----------------------------------------------------------

ਸਰਕਾਰ ਨੇ ਕਿਹਾ ਏ ਕਿ ਦੇਸ਼ ਕੋਲ  ਖੰਡ ਦਾ ਲੋੜੀਂਦਾ ਭੰਡਾਰ ਏ ਅਤੇ ਘਰੇਲੂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕੋਈ ਕਮੀ ਨਹੀਂ ਏ। ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਕਿ ਪਿਛਲੇ ਕੁਝ ਹਫ਼ਤਿਆਂ ਵਿੱਚ ਖੰਡ ਦੀ ਕੀਮਤ  48 ਤੋਂ ਵਧ ਕੇ ਲਗਭਗ  55 ਪ੍ਰਤੀ ਕਿਲੋਗ੍ਰਾਮ ਹੋ ਗਈ ਏ ਅਤੇ ਸਰਕਾਰ ਲਗਾਤਾਰ ਕੀਮਤਾਂ ਦੀ ਨਿਗਰਾਨੀ ਕਰ ਰਹੀ ਏ। ਮੰਤਰਾਲੇ ਨੇ ਕਿਹਾ ਕਿ ਖੰਡ ਦੀਆਂ ਕੀਮਤਾਂ ਵਿੱਚ ਵਾਧਾ ਈਥਾਨੋਲ ਉਤਪਾਦਨ ਲਈ ਖੰਡ ਦੀ ਵਰਤੋਂ ਕਾਰਨ ਨਹੀਂ ਏ। ਇਸ ਦੀ ਬਜਾਏ, ਘੱਟ ਉਤਪਾਦਨ, ਤਿਉਹਾਰਾਂ ਤੋਂ ਪਹਿਲਾਂ ਮੰਗ ਵਿੱਚ ਵਾਧਾ, ਖਰਾਬ ਮੌਸਮ ਕਾਰਨ ਗੰਨੇ ਦੀ ਫਸਲ ਨੂੰ ਨੁਕਸਾਨ ਅਤੇ ਕੁਝ ਵਪਾਰੀਆਂ ਵਲੋਂ  ਜਮ੍ਹਾਂਖੋਰੀ ਸਮੇਤ ਕਈ ਕਾਰਨ ਨੇ। ਇਸ ਸਾਲ ਖੰਡ ਦਾ ਉਤਪਾਦਨ ਲਗਭਗ 306 ਲੱਖ ਟਨ ਹੋਣ ਦਾ ਅਨੁਮਾਨ ਏ ਜਦੋਂ ਕਿ ਪਹਿਲਾਂ 343 ਲੱਖ  ਟਨ ਦਾ ਅਨੁਮਾਨ ਸੀ। ਕੀਮਤਾਂ ਨੂੰ ਕੰਟਰੋਲ ਕਰਨ ਲਈ, ਸਰਕਾਰ ਨੇ ਖੰਡ ਵਪਾਰੀਆਂ 'ਤੇ 400 ਟਨ ਦੀ ਭੰਡਾਰ ਹੱਦ ਲਗਾਈ ਏ। ਇਹ ਹੱਦ ਪਹਿਲੀ 1 ਅਗਸਤ ਤੋਂ 30 ਨਵੰਬਰ ਤੱਕ ਲਾਗੂ ਰਹੇਗੀ। ਸਰਕਾਰ ਨੇ ਖੰਡ ਮਿੱਲਾਂ ਨੂੰ 15 ਅਕਤੂਬਰ ਤੋਂ ਗੰਨੇ ਦੀ ਪਿੜਾਈ ਸ਼ੁਰੂ ਕਰਨ ਦੀ ਸਲਾਹ ਦਿੱਤੀ ਏ। ਇਸ ਨਾਲ ਤਿਉਹਾਰਾਂ ਦੇ ਸੀਜ਼ਨ ਦੌਰਾਨ ਖੰਡ ਦੀ ਉਪਲਬਧਤਾ ਵਧਣ ਦੀ ਉਮੀਦ ਏ।

-----------------------------------------------------------

ਭਾਰਤ ਅਤੇ ਬਰਤਾਨੀਆ ਨੇ ਸਾਂਝੇ ਫੌਜੀ ਅਭਿਆਸਾਂ, ਸਿਖਲਾਈ ਅਤੇ ਹੁਨਰ ਵਾਧੇ ਰਾਹੀਂ ਦੋਵਾਂ ਫੌਜਾਂ ਵਿਚਕਾਰ ਸਹਿਯੋਗ ਵਧਾਉਣ ਲਈ ਸਹਿਮਤੀ ਪ੍ਰਗਟਾਈ ਏ । ਨਵੀਂ ਦਿੱਲੀ ਵਿੱਚ ਭਾਰਤ ਅਤੇ ਬਰਤਾਨੀਆ ਰੱਖਿਆ ਸਲਾਹਕਾਰ ਸਮੂਹ ਦੀ 25ਵੀਂ ਮੀਟਿੰਗ ਵਿੱਚ, ਦੋਵਾਂ ਦੇਸ਼ਾਂ ਨੇ ਰੱਖਿਆ ਖੇਤਰ ਵਿੱਚ ਚੱਲ ਰਹੇ ਸਹਿਯੋਗ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਰੱਖਿਆ ਖੋਜ ਅਤੇ ਵਿਕਾਸ ਦੇ ਨਾਲ-ਨਾਲ 2035 ਲਈ ਯੋਜਨਾਵਾਂ 'ਤੇ ਚਰਚਾ ਕੀਤੀ ਗਈ। ਦੋਵਾਂ ਦੇਸ਼ਾਂ ਨੇ ਹਿੰਦ -ਪ੍ਰਸ਼ਾਂਤ  ਖੇਤਰ ਵਿੱਚ ਸਮੁੰਦਰੀ ਸੁਰੱਖਿਆ ਸਹਿਯੋਗ ਵਧਾਉਣ 'ਤੇ ਵੀ ਜ਼ੋਰ ਦਿੱਤਾ। ਦੋਵਾਂ ਧਿਰਾਂ ਨੇ ਖੇਤਰੀ ਸ਼ਾਂਤੀ ਅਤੇ ਸੁਰੱਖਿਆ 'ਤੇ ਵਿਚਾਰ ਸਾਂਝੇ ਕੀਤੇ ਅਤੇ ਆਪਸੀ ਸੁਰੱਖਿਆ ਅਤੇ ਰਣਨੀਤਕ ਖੁਦਮੁਖਤਿਆਰੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਨੇ ਜ਼ਿਕਰ ਕੀਤਾ ਕਿ ਭਾਰਤ ਅਤੇ ਬਰਤਾਨੀਆ ਰਣਨੀਤਕ ਭਾਈਵਾਲੀ ਸ਼ਾਂਤੀ, ਸਥਿਰਤਾ, ਆਜ਼ਾਦੀ ਅਤੇ ਆਪਸੀ ਸਤਿਕਾਰ ਦੀਆਂ ਸਾਂਝੀਆਂ ਕਦਰਾਂ ਕੀਮਤਾਂ  'ਤੇ ਅਧਾਰਤ ਏ ।

---------------------------------------------------------

ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੇ ਸੀਨੀਅਰ ਨੇਤਾ ਮਿਰਜ਼ਾ ਫ-ਖਰੂਲ ਇਸਲਾਮ ਆਲਮ-ਗੀਰ ਨੇ ਕੱਲ੍ਹ ਢਾਕਾ ਦੇ ਬੰਗ-ਭਵਨ ਵਿੱਚ ਬੰਗਲਾਦੇਸ਼ ਦੇ 23ਵੇਂ ਰਾਸ਼ਟਰਪਤੀ ਵਜੋਂ ਸਹੁੰ ਚੁਕੀ । ਉਨ੍ਹਾਂ ਨੂੰ ਸੰਸਦ ਦੇ ਡਿਪਟੀ ਸਪੀਕਰ ਕੈਸਰ ਕਮਾਲ ਨੇ ਅਹੁਦੇ ਦੀ ਸਹੁੰ

ਚੁਕਾਈ। ਵੀਰਵਾਰ ਨੂੰ ਹੋਈਆਂ ਰਾਸ਼ਟਰਪਤੀ ਚੋਣਾਂ ਵਿੱਚ ਆਲਮਗੀਰ ਨੂੰ 255 ਵੋਟਾਂ ਮਿਲੀਆਂ। ਉਨ੍ਹਾਂ ਨੇ ਵਿਰੋਧੀ ਗਠਜੋੜ ਦੇ ਉਮੀਦਵਾਰ ਓਲੀ ਅਹਿਮਦ ਨੂੰ ਹਰਾਇਆ, ਜਿਨ੍ਹਾਂ ਨੂੰ 88 ਵੋਟਾਂ ਮਿਲੀਆਂ। ਇਹ ਚੋਣ ਮਹੱਤਵਪੂਰਨ ਸੀ ਕਿਉਂਕਿ, 35 ਸਾਲਾਂ ਵਿੱਚ ਪਹਿਲੀ ਵਾਰ, ਇੱਕ ਤੋਂ ਵੱਧ ਉਮੀਦਵਾਰਾਂ ਨੇ ਬੰਗਲਾਦੇਸ਼ ਦੀ ਰਾਸ਼ਟਰਪਤੀ ਚੋਣ ਲੜੀ। ਇਹ ਚੋਣ ਸਾਬਕਾ ਰਾਸ਼ਟਰਪਤੀ ਮੁਹੰਮਦ ਸ਼ਹਾਬੂਦੀਨ ਦੇ ਅਸਤੀਫ਼ੇ ਤੋਂ ਬਾਅਦ ਹੋਈ, ਜਿਨ੍ਹਾਂ ਨੇ ਪਿਛਲੇ ਮਹੀਨੇ ਗੰਭੀਰ ਸਿਹਤ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਅਹੁਦਾ ਛੱਡ ਦਿੱਤਾ ਸੀ।

-------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਲੱਦਾਖ, ਤੇ ਉਤਰਾਖੰਡ ਵਿੱਚ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਏ । ਏਧਰ ਪੰਜਾਬ ਦੇ ਜਲੰਧਰ ਸਮੇਤ ਹੋਰਨਾਂ ਕੁਝ ਥਾਵਾਂ ਤੇ ਸਵੇਰੇ ਕਣੀਆਂ ਪਈਆਂ। ਇਸ ਦੌਰਾਨ, ਰਾਸ਼ਟਰੀ ਰਾਜਧਾਨੀ ਖੇਤਰ ਦੇ ਕੁਝ ਹਿੱਸਿਆਂ ਵਿੱਚ ਅੱਜ ਸਵੇਰੇ ਮੀਂਹ ਪਿਆ। ਵਿਭਾਗ ਨੇ ਅੱਜ ਰਾਸ਼ਟਰੀ ਰਾਜਧਾਨੀ ਵਿੱਚ ਆਮ ਤੌਰ 'ਤੇ ਬੱਦਲਵਾਈ ਅਤੇ ਹਲਕੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਏ। ਮੌਸਮ ਵਿਭਾਗ ਨੇ ਅੱਜ ਪੂਰਬੀ ਮੱਧ ਪ੍ਰਦੇਸ਼ ਵਿੱਚ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਏ।

-------------------------------------------------------

ਭਾਰਤੀ ਜੈਵਲਿਨ ਥ੍ਰੋਅਰ ਨੀਰਜ ਚੋਪੜਾ ਨੇ ਲੁਸਾਨੇ ਡਾਇਮੰਡ ਲੀਗ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ । ਉਹ 88.05 ਮੀਟਰ ਦੇ ਥ੍ਰੋਅ ਨਾਲ ਦੂਜੇ ਸਥਾਨ 'ਤੇ ਰਹੇ । ਨੀਰਜ ਸ਼੍ਰੀਲੰਕਾ ਦੇ ਰਮੇਸ਼ ਥਰੰਗਾ ਪਥੀ-ਰਾਜ ਤੋਂ ਸਿਰਫ਼ 9 ਸੈਂਟੀਮੀਟਰ ਪਿੱਛੇ ਰਹੇ, ਜਿਨ੍ਹਾਂ 88.14 ਮੀਟਰ ਦੇ ਥ੍ਰੋਅ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਐਂਡਰਸਨ ਪੀ-ਟਰਸ 86.69 ਮੀਟਰ ਦੇ ਥਰੋਅ ਨਾਲ ਤੀਜੇ ਸਥਾਨ 'ਤੇ ਅਤੇ ਕੇਸ਼ੌਰਨ ਵਾਲਕੋਟ 83.71 ਮੀਟਰ ਦੇ ਥਰੋਅ ਨਾਲ ਚੌਥੇ ਸਥਾਨ 'ਤੇ ਰਹੇ ।

-------------------------------------------------------

BWF ਵਿਸ਼ਵ ਬੈਡਮਿੰਟਨ ਚੈਂਪੀਅਨਸ਼ਿਪ ਦੇ ਮਹਿਲਾ ਡਬਲਜ਼ ਸੈਮੀਫਾਈਨਲ ਵਿੱਚ ਅੱਜ ਭਾਰਤ ਦੀ ਤ੍ਰਿਸ਼ਾ ਜੌਲੀ ਅਤੇ ਗਾਇਤਰੀ ਗੋਪੀਚੰਦ ਅੱਜ ਚੋਟੀ ਦਾ ਦਰਜਾ ਪ੍ਰਾਪਤ ਚੀਨ ਦੀ ਜੋੜੀ ਲਿਊ ਸ਼ੇਂਗ ਸ਼ੂ ਅਤੇ ਟੈਨ ਨਿੰਗ ਦਾ ਸਾਹਮਣਾ ਕਰਨਗੇ। ਤ੍ਰਿਸ਼ਾ ਅਤੇ ਗਾਇਤਰੀ ਨੇ ਕੱਲ੍ਹ ਕੁਆਰਟਰ ਫਾਈਨਲ ਵਿੱਚ ਚੀਨ ਦੀ ਜੀਆ ਯੀ ਫੈਨ ਅਤੇ ਝਾਂਗ ਸ਼ੂ ਜ਼ਿਆਨ ਨੂੰ 16-21, 21-15, 21-13 ਨਾਲ ਹਰਾਇਆ। ਇਸ ਜਿੱਤ ਨਾਲ, ਤ੍ਰਿਸ਼ਾ ਅਤੇ ਗਾਇਤਰੀ ਨੇ ਮੁਕਾਬਲੇ ਵਿੱਚ ਭਾਰਤ ਦਾ ਤਗਮਾ ਪੱਕਾ ਕਰ ਦਿੱਤਾ ਏ । ਤ੍ਰਿਸ਼ਾ ਅਤੇ ਗਾਇਤਰੀ ਵਿਸ਼ਵ ਚੈਂਪੀਅਨਸ਼ਿਪ ਵਿੱਚ ਮਹਿਲਾ ਡਬਲਜ਼ ਤਮਗਾ ਜਿੱਤਣ ਵਾਲੀ

ਦੂਜੀ ਭਾਰਤੀ ਜੋੜੀ ਵੀ ਬਣ ਗਈ। ਪਿਛਲੀ ਪ੍ਰਾਪਤੀ ਜਵਾਲਾ ਗੁੱਟਾ ਅਤੇ ਅਸ਼ਵਨੀ ਪੋਨੱਪਾ ਨੇ ਪ੍ਰਾਪਤ ਕੀਤੀ ਸੀ, ਜਿਨ੍ਹਾਂ ਨੇ 15 ਸਾਲ ਪਹਿਲਾਂ ਲੰਡਨ ਵਿੱਚ ਕਾਂਸੀ ਦਾ ਤਮਗਾ ਜਿੱਤਿਆ ਸੀ।

---------------------------------------------------------

ਐਮਸਟਲਵੀਨ ਵਿੱਚ FIH ਪੁਰਸ਼ ਹਾਕੀ ਵਿਸ਼ਵ ਕੱਪ ਦੇ ਦੂਜੇ ਗੇੜ ਵਿੱਚ ਭਾਰਤ ਅੱਜ ਮੇਜ਼ਬਾਨ ਨੀਦਰਲੈਂਡਜ਼ ਦਾ ਸਾਹਮਣਾ ਕਰੇਗਾ। ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7:30 ਵਜੇ ਸ਼ੁਰੂ ਹੋਵੇਗਾ। ਪਾਕਿਸਤਾਨ 'ਤੇ 5-3 ਦੀ ਸ਼ਾਨਦਾਰ ਜਿੱਤ ਨਾਲ, ਭਾਰਤ ਨੇ ਪੂਲ ਡੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਭਾਰਤ ਹੁਣ ਪੂਲ ਈ ਵਿੱਚ ਇੰਗਲੈਂਡ ਅਤੇ ਪੂਲ ਏ ਦੀਆਂ ਚੋਟੀ ਦੀਆਂ ਦੋ ਟੀਮਾਂ ਨਾਲ ਜੁੜ ਜਾਵੇਗਾ। ਪੂਲ ਈ ਦੀਆਂ ਚੋਟੀ ਦੀਆਂ ਦੋ ਟੀਮਾਂ ਸੈਮੀਫਾਈਨਲ ਲਈ ਕੁਆਲੀਫਾਈ ਕਰਨਗੀਆਂ। ਭਾਰਤ ਬਿਨਾਂ ਕਿਸੇ ਅੰਕ ਦੇ ਦੂਜੇ ਗੇੜ ਵਿੱਚ ਪਹੁੰਚ ਗਿਆ, ਜਦੋਂ ਕਿ ਇੰਗਲੈਂਡ ਦੇ ਦੂਜੇ ਗੇੜ ਤੋਂ ਦੋ ਅੰਕ ਹਨ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸੁਧਾਰ ਕੋਈ ਮਜਬੂਰੀ ਨਹੀਂ ਸਗੋਂ ਉਨ੍ਹਾਂ ਦੀ ਸਰਕਾਰ ਲਈ ਵਚਨਬੱਧਤਾ ਅਤੇ ਦ੍ਰਿੜ ਵਿਸ਼ਵਾਸ ਨੇ,ਕਿਹਾ -ਸਰਕਾਰ ਦੀਆਂ ਨੀਤੀਆਂ ਲੋਕ-ਪੱਖੀ ਅਤੇ ਵਿਕਾਸ-ਪੱਖੀ ਨੇ ।

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਪੱਛਮੀ ਬੰਗਾਲ ਵਿੱਚ ਭਾਰਤ-ਬੰਗਲਾਦੇਸ਼ ਸਰਹੱਦ 'ਤੇ ਵਾੜ ਲਗਾਉਣ ਲਈ ਸੀਮਾ ਸੁਰੱਖਿਆ ਬਲ ਅਤੇ ਸਸ਼ਤਰ ਸੀਮਾ ਬਲ ਨੂੰ ਇਕ ਹਜ਼ਾਰ 129 ਏਕੜ ਜ਼ਮੀਨ ਅਲਾਟ ਕਰਨ ਦੇ ਸੂਬਾ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕੀਤੀ।
- ਭਾਰਤ ਅਤੇ ਨੇਪਾਲ ਨੇ ਸਰਹੱਦੀ ਪ੍ਰਬੰਧਨ ਅਤੇ ਸੁਰੱਖਿਆ ਦੇ ਖੇਤਰ ਵਿੱਚ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ।
- ਸਰਕਾਰ ਨੇ ਕਿਹਾ -ਦੇਸ਼ ਕੋਲ ਖੰਡ ਦਾ ਲੋੜੀਂਦਾ ਭੰਡਾਰ ਏ ਅਤੇ ਘਰੇਲੂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕੋਈ ਕਮੀ ਨਹੀਂ ਏ।
- -ਭਾਰਤੀ ਜੈਵਲਿਨ ਥ੍ਰੋਅਰ ਨੀਰਜ ਚੋਪੜਾ ਨੇ ਲੁਸਾਨੇ ਡਾਇਮੰਡ ਲੀਗ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਅਤੇ
- -BWF ਵਿਸ਼ਵ ਬੈਡਮਿੰਟਨ ਚੈਂਪੀਅਨਸ਼ਿਪ ਦੇ ਮਹਿਲਾ ਡਬਲਜ਼ ਸੈਮੀਫਾਈਨਲ ਵਿੱਚ, ਅੱਜ ਭਾਰਤ ਦੀ ਤ੍ਰਿਸ਼ਾ ਜੌਲੀ ਅਤੇ ਗਾਇਤਰੀ ਗੋਪੀਚੰਦ ਦਾ ਮੁਕਾਬਲਾ ਚੀਨ ਦੀ ਚੋਟੀ ਦਾ ਦਰਜਾ ਹਾਸਿਲ ਜੋੜੀ ਨਾਲ ਹੋਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅ ਗਲਾ ਬੁਲੇਟਿਨ ਤੁਸੀਂ ਸੁਣੋਗ 1.10 ਨਮਸਕਾਰ

------------------------------------------------

ਇਸਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,

ਪ੍ਰਾਦੇਸ਼ਿਕ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਦੁਪਿਹਰ

ਬਾਅਦ 1 ਵਜ ਕੇ 10 ਮਿੰਟ ‘ਤੇ ਨਮਸਕਾਰ!